# ਦਫ਼ਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਨੰ: 1, ਭਵਨ ਤੇ ਮਾਰਗ ਸ਼ਾਖਾ, ਪਟਿਆਲਾ

ਈ-ਮੇਲ **eepd1ptapwdpb@gmail.com Ph. No. 0175-2356435**

ਵੱਲ

Principal,
Shivalik Public School,
S.S.T Nagar, Rajpura Road,
Patiala.

ਮੀਮੋ ਨੰਬਰ 11872 ਮਿਤੀ 29/1/2020

ਵਿਸ਼ਾ: ਸਕੂਲ ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ।

ਹਵਾਲਾ: ਆਪ ਦੇ ਸਕੂਲ ਦਾ ਕੇਸ ਨੰ- **SPS/PTA/2020/242** ਮਿਤੀ- 27.01.2020

ਉਪਰੋਕਤ ਵਿਸ਼ੇ ਸਬੰਧੀ ਹਵਾਲੇ ਅਧੀਨ ਪੱਤਰ ਦੇ ਸਬੰਧ ਵਿੱਚ ਉਪ ਮੰਡਲ ਇੰਜੀਨੀਅਰ ਪ੍ਰਾਂਤਕ ਉਪ ਮੰਡਲ ਨੰਬਰ 2, ਭਵਨ ਤੇ ਮਾਰਗ ਸ਼ਾਖਾ, ਪਟਿਆਲਾ ਵੱਲੋ ਮੁਆਇਨਾ ਕੀਤਾ ਗਿਆ ਬਿਲਡਿੰਗ ਦੇਖਣ ਨੂੰ ਸੁਰਖਿਅਤ ਜਾਪਦੀ ਹੈ ਅਤੇ ਇਹ ਇਮਾਰਤ ਵਰਤਣਯੋਗ ਹੈ। ਇਸ ਲਈ ਆਪ ਨੂੰ ਇਹ ਸਕੂਲ ਸੇਫਟੀ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ। ਇਹ ਸਰਟੀਫਿਕੇਟ ਮਿਤੀ **25.12.2021** ਤੱਕ ਵੈਲਿਡ ਰਹੇਗਾ।

ਸ਼ਰਤਾਂ:-

1. ਇਹ ਸਰਟੀਫਿਕੇਟ ਇਸ ਸ਼ਰਤ ਤੇ ਜਾਰੀ ਕੀਤਾ ਜਾਂਦਾ ਹੈ ਕਿ ਇਸ ਕੇਸ ਵਿੱਚ ਫਾਇਰ ਸੇਫਟੀ ਸਰਟੀਫਿਕੇਟ ਸਾਲ 26.12.2021 ਤੱਕ ਵੈਲਿਡ ਹੈ। ਇਸ ਲਈ ਸਕੂਲ ਸੇਫਟੀ ਸਰਟੀਫਿਕੇਟ ਮਿਤੀ 25.12.2021 ਤੱਕ ਹੀ ਵੈਲਿਡ ਰਹੇਗਾ।
2. ਸਕੂਲ ਬਿਲਡਿੰਗ ਤੱਕ ਰਸਤਾ ਜੇਕਰ ਲਿਆ ਜਾਂਦਾ ਹੈ ਤਾਂ ਇਸ ਦੀ ਪ੍ਰੋਪਰ ਮੰਨਜੂਰੀ ਸਬੰਧਤ ਵਿਭਾਗ ਤੋ ਲੈਣੀ ਯਕੀਨੀ ਬਣਾਈ ਜਾਵੇ।
3. ਸੜਕ ਤੋ ਸਕੂਲ ਤੱਕ ਅਤੇ ਸੜਕ ਕਰੋਸਿੰਗ ਲਈ ਲੋੜੀਂਦੇ ਪ੍ਰਬੰਧ ਸਹੀ ਢੰਗ ਨਾਲ ਕੀਤੇ ਜਾਣ ਅਤੇ ਲੋੜੀਂਦੇ ਨਿਸ਼ਾਨ ਚਿੰਨ ਅਤੇ ਨਿਸ਼ਾਨ ਬੋਰਡ ਆਪਣੇ ਪੱਧਰ ਤੇ ਲਗਾਉਣੇ ਯਕੀਨੀ ਬਣਾਇਆ ਜਾਵੇ।
4. ਪਾਰਕਿੰਗ ਲਈ ਇੰਤਜਾਮ ਸਕੂਲ ਅਥਾਰਟੀ ਆਪਣੇ ਪੱਧਰ ਤੇ ਕਰੇਗੀ ਜਿਸ ਨਾਲ ਪਬਲਿਕ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀ ਆਉਣੀ ਚਾਹੀਦੀ।
5. ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋ ਜਾਰੀ ਸਕੂਲ ਬੱਸਾਂ ਵਿੱਚ ਸੁਰਖਿਆ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।
6. ਇਹ ਸਰਟੀਫਿਕੇਟ ਜਾਰੀ ਹੋਣ ਤੋ ਬਾਅਦ ਜੇਕਰ ਬਿਲਡਿੰਗ ਵਿੱਚ ਕੋਈ ਵਾਧਾ ਕੀਤਾ ਜਾਂਦਾ ਹੈ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇ ਅਤੇ ਨਵੇਂ ਸਕੂਲ ਸੇਫਟੀ ਸਰਟੀਫਿਕੇਟ ਲਈ ਕੇਸ ਅਪਲਾਈ ਕੀਤਾ ਜਾਵੇ।
7. ਜੇਕਰ ਉਪਰੋਕਤ ਦਿੱਤੀਆਂ ਹਦਾਇਤਾਂ/ਕੰਡੀਸ਼ਨਾਂ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰਬਰ 1,
ਲੋ.ਨਿ.ਵਿ.,ਭ ਤੇ ਮ ਸ਼ਾਖਾ, ਪਟਿਆਲਾ।

ਪਿੱਠ ਅੰਕਣ ਨੰਬਰ ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ ਪ੍ਰਾਂਤਕ ਉਪ ਮੰਡਲ ਨੰਬਰ 2, ਭਵਨ ਤੇ ਮਾਰਗ ਸ਼ਾਖਾ, ਪਟਿਆਲਾ ਨੂੰ ਉਨਾਂ ਦੇ ਪੱਤਰ ਨੰ- 688 ਮਿਤੀ- 27.01.2020 ਦੇ ਹਵਾਲੇ ਵਿਚ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰਬਰ 1,
ਲੋ.ਨਿ.ਵਿ.,ਭ ਤੇ ਮ ਸ਼ਾਖਾ, ਪਟਿਆਲਾ।